# ਆਕਾਸ਼ਵਾਣੀ ਜਲੰਧਰ

# ਪ੍ਰਾਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :22-05-2026**

ਪੰਜਾਬ ਪੁਲਿਸ ਨੇ ਕੱਲ੍ਹ ਪਠਾਨਕੋਟ ਦੇ ਇੱਕ ਨਿਵਾਸੀ ਨੂੰ ਪਠਾਨਕੋਟ-ਜੰਮੂ ਰਾਸ਼ਟਰੀ ਸ਼ਾਹਰਾਹ ਨੰਬਰ-44 'ਤੇ ਇੰਟਰਨੈਟ ਨਾਲ ਜੁੜੇ ਸੀ ਸੀ ਟੀ ਵੀ ਕੈਮਰਾ ਲਗਾ ਕੇ ਪਾਕਿਸਤਾਨ ਅਧਾਰਿਤ ਹੈਂਡਲਰਾਂ ਲਈ ਜਾਸੂਸੀ ਕਰਨ ਦੇ ਇਲ੍ਜ਼ਾਮ ਵਿੱਚ ਗ੍ਰਿਫ਼ਤਾਰ ਕੀਤਾ ਏ । ਸਾਡੇ ਜਲੰਧਰ ਵਾਲੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ, ਪਠਾਨਕੋਟ ਦੇ ਸੀਨੀਅਰ ਪੁਲਿਸ ਸੁਪਰਡੈਂਟ, ਦਲਜਿੰਦਰ ਸਿੰਘ ਢਿੱਲੋਂ ਨੇ ਕਿਹਾ ਏ ਕਿ ਮੁੱਢਲੀ ਜਾਂਚ ਮੁਤਾਬਿਕ, ਮੁਲਜ਼ਮ ਬਲਜੀਤ ਸਿੰਘ ਨੇ ਫੌਜ ਅਤੇ ਨੀਮ ਫੌਜੀ ਬਲਾਂ ਦੀ ਗਤੀਵਿਧੀ 'ਤੇ ਨਜ਼ਰ ਰੱਖਣ ਲਈ ਰਾਸ਼ਟਰੀ ਸ਼ਾਹਰਾਹ ਨੰਬਰ-44 'ਤੇ ਇੱਕ ਪੁਲ ਦੇ ਨੇੜੇ ਇੱਕ ਸੀਸੀਟੀਵੀ ਲਗਾਇਆ ਸੀ। ਇਸਦੀ ਲਾਈਵ ਫੀਡ ਪਾਕਿਸਤਾਨ ਸਥਿਤ ਆਈ ਐਸ ਆਈ ਹੈਂਡਲਰਾਂ ਨਾਲ ਸਾਂਝੀ ਕੀਤੀ ਗਈ ਸੀ। ਪੁਲਿਸ ਉਸਦੇ ਤਿੰਨ ਹੋਰ ਸਾਥੀਆਂ ਦੀ ਵੀ ਭਾਲ ਕਰ ਰਹੀ ਏ – byte - ਦਲਜਿੰਦਰ ਸਿੰਘ ਢਿੱਲੋਂ-

ਜ਼ਿਕਰਯੋਗ ਏ ਕਿ ਪਿਛਲੇ ਮਹੀਨੇ ਵੀ, ਪੁਲਿਸ ਨੇ ਪਾਕਿਸਤਾਨ ਦੀ ISI-ਦੀ ਹਮਾਇਤ ਪ੍ਰਾਪਤ 2 ਜਾਸੂਸੀ ਮਾਡਿਊਲਾਂ ਦਾ ਪਰਦਾਫਾਸ਼ ਕੀਤਾ ਸੀ ਜੋ ਸੂਰਜੀ ਊਰਜਾ ਨਾਲ ਚੱਲਣ ਵਾਲੇ ਉੱਚ-ਤਕਨੀਕੀ ਸੀਸੀਟੀਵੀ ਕੈਮਰਿਆਂ ਦੀ ਵਰਤੋਂ ਕਰਕੇ ਸੰਵੇਦਨਸ਼ੀਲ ਫੌਜੀ ਸਥਾਨਾਂ ਦੀਆਂ ਲਾਈਵ FEEDS ਨੂੰ ਪਾਕਿਸਤਾਨ-ਅਧਾਰਿਤ ਹੈਂਡਲਰਾਂ ਤੱਕ ਪਹੁੰਚਾਉਂਦੇ ਸਨ.

-----------------------------------------------------------

ਭਾਰਤ ਦੇ ਰਜਿਸਟਰਾਰ ਜਨਰਲ ਦਫ਼ਤਰ ਵਲੋਂ ਜਾਰੀ ਕੀਤੇ ਗਏ ਨਵੇਂ ਸੈਂਪਲ ਰਜਿਸਟ੍ਰੇਸ਼ਨ ਸਿਸਟਮ (ਐਸਆਰਐਸ) ਦੇ ਅੰਕੜਿਆਂ ਅਨੁਸਾਰ ਪੰਜਾਬ ਸਾਰੇ ਮੁੱਖ ਜੱਚਾ ਬੱਚਾ ਸਿਹਤ ਸੂਚਕਾਂ ਵਿੱਚ ਰਾਸ਼ਟਰੀ ਮਾਪਦੰਡਾਂ ਤੋਂ ਵ ਅੱਗੇ ਲੰਘ ਕੇ ਦੇਸ਼ ਭਰ ਦੇ ਹੈਲਥਕੇਅਰ ਡਿਲੀਵਰੀ ਸਿਸਟਮ ਵਿੱਚ ਮੋਹਰੀ ਬਣ ਕੇ ਉਭਰਿਆ ਏ। ਇਸ ਪ੍ਰਾਪਤੀ ਤੇ ਖੁਸ਼ੀ ਜ਼ਾਹਿਰ ਕਰਦੇ ਹੋਏ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਨੇ ਜੱਚਾ ਮੌਤ ਦਰ, ਬਾਲ ਮੌਤ ਦਰ, ਨਵਜੰਮੇ ਬੱਚਿਆਂ ਦੀ ਮੌਤ ਦਰ ਤੇ 5 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਦੀ ਮੌਤ ਦਰ ਵਿੱਚ ਮਹੱਤਵਪੂਰਨ ਸੁਧਾਰ ਦਰਜ ਕੀਤੇ ਨੇ, ਜੋ ਕਿ ਪੰਜਾਬ ਸਰਕਾਰ ਦੇ ਜਨਤਕ ਸਿਹਤ ਸੰਭਾਲ ਢਾਂਚੇ ਨੂੰ ਮਜ਼ਬੂਤ ਕਰਨ ਤੇ ਸੂਬੇ ਭਰ ਵਿੱਚ ਮਿਆਰੀ ਜੱਚਾ-ਬੱਚਾ ਦੇਖਭਾਲ ਸੇਵਾਵਾਂ ਨੂੰ

ਯਕੀਨੀ ਬਣਾਉਣ ਸਬੰਧੀ ਦਿੱਤੀ ਜਾ ਰਹੀ ਤਰਜੀਹ ਨੂੰ ਦਰਸਾਉਂਦਾ ਏ। ਉਨਾਂ ਵੇਰਵੇ ਸਾਂਝੇ ਕਰਦਿਆਂ ਕਿਹਾ ਕਿ ਪੰਜਾਬ ਦੀ ਜੱਚਾ ਮੌਤ ਦਰ ਪ੍ਰਤੀ ਲੱਖ ਜੀਵਤ ਜਨਮਾਂ ਪਿੱਛੇ ਘਟ ਕੇ 77 ਹੋ ਗਈ ਏ, ਜੋ ਕਿ ਰਾਸ਼ਟਰੀ ਔਸਤ 87 ਤੋਂ ਕਾਫ਼ੀ ਬਿਹਤਰ ਏ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਹ ਪ੍ਰਾਪਤੀਆਂ ਸਾਡੇ ਸਿਹਤ ਸੰਭਾਲ ਕਰਮਚਾਰੀਆਂ ਦੇ ਅਟੁੱਟ ਸਮਰਪਣ ਤੇ ਪੰਜਾਬ ਸਰਕਾਰ ਦੀ ਹਰੇਕ ਨਾਗਰਿਕ ਨੂੰ ਮਿਆਰੀ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦੀਆਂ ਨੇ।

---------------------------------------------------------

ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਲੰਬੀ ਹਲਕੇ ਦੇ ਵੱਖ-ਵੱਖ ਪਿੰਡਾਂ ਦੀਆਂ ਲਿੰਕ ਸੜਕਾਂ ਨੂੰ ਪੱਕਾ ਕਰਨ ਦੇ ਨੀਂਹ ਪੱਥਰ ਰੱਖਦਿਆਂ ਦੱਸਿਆ ਕਿ ਰਾਜ ਸਰਕਾਰ ਵਲੋਂ ਲੰਬੀ ਹਲਕੇ ਦੇ ਪਿੰਡ ਸਿੰਘੇਵਾਲਾ, ਕਿਲਿਆਂਵਾਲੀ, ਵੜਿੰਗ ਖੇੜਾ, ਵਣਵਾਲਾ,ਪੰਜਾਵਾ ਤੇ ਰੋੜਾਂਵਾਲੀ ਨੂੰ ਜੋੜਣ ਵਾਲੀਆਂ 41 ਕਿਲੋਮੀਟਰ ਲੰਬੀਆਂ ਲਿੰਕ ਸੜਕਾਂ ਨੂੰ ਰਿਪੇਅਰ ਤੇ ਨਵ ਨਿਰਮਾਣ ਤੇ 16.50 ਕਰੋੜ ਰੁਪਏ ਖਰਚ ਕੀਤੇ ਜਾਣਗੇ। ਉਨਾਂ ਦੱਸਿਆ ਕਿ ਇਹ ਵਿਕਾਸ ਕਾਰਜ ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਆਵਾਜਾਈ ਸੁਵਿਧਾਵਾਂ ਵਿੱਚ ਸੁਧਾਰ

ਲਿਆਉਣ ਤੇ ਪਿੰਡ ਵਾਸੀਆਂ ਨੂੰ ਸੁਰੱਖਿਅਤ ਅਤੇ ਸੁਚਾਰੂ ਰਸਤਾ ਪ੍ਰਦਾਨ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਉਨਾਂ ਦੱਸਿਆ ਕਿ ਗਰੀਬਾਂ ਲਈ ਕੱਚੇ ਮਕਾਨਾਂ ਨੂੰ ਪੱਕੇ ਬਨਾਉਣ ਲਈ 18 ਹਜ਼ਾਰਾ ਗਰੀਬ ਲੋਕਾਂ ਦਾ ਸਰਵੇ ਹੋ ਚੁੱਕਿਆ ਏ ਤੇ ਜਲਦੀ ਲੋੜਵੰਦਾ ਨੂੰ ਪਹਿਲ ਦੇ ਅਧਾਰ ਤੇ

ਰਾਸ਼ੀ ਸਰਕਾਰ ਵਲੋਂ ਮੁਹੱਈਆ ਕਰਵਾਈ ਜਾਵੇਗੀ। ਉਨਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਾਰੇ ਵਿਕਾਸ ਕਾਰਜ ਨਿਰਧਾਰਿਤ ਸਮੇਂ ਅੰਦਰ ਤੇ ਮਿਆਰੀ ਗੁਣਵੱਤਾ ਅਨੁਸਾਰ ਮੁਕੰਮਲ ਕੀਤੇ ਜਾਣ ਤਾਂ ਜੋ ਲੋਕਾਂ ਨੂੰ ਸਰਕਾਰੀ ਸਕੀਮਾਂ ਦਾ ਲਾਭ ਮਿਲ ਸਕੇ।

-----------------------------------------------------------

ਗੁਰਦਾਸਪੁਰ ਦੇ ਧਾਰੀਵਾਲ ਨਜਦੀਕ ਨੈਸ਼ਨਲ ਹਾਈਵੇ ਤੇ ਇਕ ਟੂਰਿਸਟ ਬੱਸ ਪਲਟਣ ਕਾਰਨ 2 ਕਾਲਜ ਵਿਦਿਆਰਥੀਆਂ ਦੀ ਮੌਤ ਹੋ ਗਈ ਏ ਜਦਕਿ 5 ਹੋਰ ਜ਼ਖਮੀ ਹੋ ਗਏ ਨੇ, ਜਿਨਾਂ ਨੂੰ ਸਿਵਲ ਹਸਪਤਾਲ ਭਰਤੀ ਕਰਵਾਇਆ ਗਿਆ ਏ । ਇਹ ਬਸ ਅੰਮ੍ਰਿਤਸਰ ਤੋਂ ਜੰਮੂ ਜਾ ਰਹੀ ਸੀ। ਬੱਸ ਵਿੱਚ ਜਿਆਦਾਤਰ ਵਿਦਿਆਰਥੀ ਸਵਾਰ ਸਨ। ਇਸ ਬਾਰੇ ਵਿਦਿਆਰਥੀ ਨਿਤਿਸ਼, ਹਰੀਸ਼ ਤੇ ਵਿਸ਼ਵ ਅਰੋੜਾ ਨੇ ਦੱਸਿਆ ਕਿ ਉਹ ਬਟਾਲਾ ਨਜ਼ਦੀਕ ਗਲੋਬਲ ਕਾਲਜ ਵਿੱਚ ਪੜ੍ਹਦੇ ਨੇ ਤੇ ਪੇਪਰ ਖਤਮ ਹੋਣ ਤੋਂ ਬਾਅਦ ਛੁੱਟੀਆਂ ਹੋਣ ਕਾਰਨ ਆਪਣੇ ਘਰ

ਜੰਮੂ ਜਾ ਰਹੇ ਸਨ। ਪੁਲਿਸ ਅਧਿਕਾਰੀਆਂ ਦਾ ਕਹਿਣਾ ਏ  ਕਿ ਮ੍ਰਿਤਕ ਨੌਜਵਾਨਾਂ ਦੇ ਪਰਿਵਾਰਾਂ ਨੂੰ ਸੂਚਿਤ ਕਰ ਦਿੱਤਾ ਗਿਆ ਏ। ਮਾਮਲੇ ਦੀ ਜਾਂਚ ਪੜਤਾਲ ਕੀਤੀ ਜਾ ਰਹੀ ਏ।